# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 16-10-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਸ਼ਟਰੀ ਸੁਰੱਖਿਆ ਗਾਰਡ-NSG ਨੂੰ ਉਨ੍ਹਾਂ ਦੇ ਸਥਾਪਨਾ ਦਿਵਸ 'ਤੇ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸਾਡੇ ਦੇਸ਼ ਦੀ ਸੁਰੱਖਿਆ ਵਿੱਚ, ਉਨ੍ਹਾਂ ਦੇ ਅਟੁੱਟ ਸਮਰਪਣ, ਸਾਹਸ ਅਤੇ ਦ੍ਰਿੜ ਇਰਾਦੇ ਲਈ, ਰਾਸ਼ਟਰ, ਸਾਰੇ NSG ਜਵਾਨਾਂ ਨੂੰ ਸਲਾਮ ਕਰਦਾ ਏ। ਸ੍ਰੀ ਮੋਦੀ ਨੇ ਕਿਹਾ, ਖ਼ਤਰਿਆਂ ਤੋਂ ਰਾਸ਼ਟਰ ਦੀ ਰੱਖਿਆ ਲਈ, NSG ਦੀ ਵਚਨਬੱਧਤਾ ਸ਼ਲਾਘਾਯੋਗ ਏ।

---------------------------------------------------------

ਹਰਿਆਣਾ ਵਿੱਚ ਅੱਜ ਤੋਂ ਨਵੀਂ ਸਰਕਾਰ ਦੇ ਗਠਨ ਦੀ ਪ੍ਰਕਿਰਿਆ ਸ਼ੁਰੂ ਹੋ ਰਹੀ ਏ। ਸੂਬੇ 'ਚ ਭਾਰਤੀ ਜਨਤਾ ਪਾਰਟੀ ਲਗਾਤਾਰ ਤੀਜੀ ਵਾਰ ਸਰਕਾਰ ਬਣਾ ਰਹੀ ਏ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਮੱਧ

ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ ਅੱਜ ਹਰਿਆਣਾ ਦੇ ਪੰਚਕੂਲਾ ਸਥਿਤ ਦਫ਼ਤਰ ਪਹੁੰਚੇ। ਇਸ ਸਮੇਂ ਵਿਧਾਇਕ ਦਲ ਦੀ ਮੀਟਿੰਗ ਚਲ ਰਹੀ ਏ। ਇਸ ਮੌਕੇ ਕੇਂਦਰੀ ਮੰਤਰੀ ਧਰਮਿੰਦਰ ਪ੍ਰਧਾਨ, ਮਨੋਹਰ ਲਾਲ, ਬਿਪਲਬ ਕੁਮਾਰ ਦੇਬ, ਸਤੀਸ਼ ਪੂਨੀਆ, ਮੋਹਨ ਲਾਲ ਬਡੋਲੀ ਸਮੇਤ ਸਾਰੇ ਵੱਡੇ ਨੇਤਾ ਮੌਜੂਦ ਰਹੇ। ਕੇਂਦਰੀ ਗ੍ਰਹਿ ਅਮਿਤ ਸ਼ਾਹ ਦੀ ਮੌਜੂਦਗੀ ਵਿੱਚ, ਕਾਰਜਕਾਰੀ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ, BJP ਵਿਧਾਇਕ ਦਲ ਦਾ ਨੇਤਾ ਚੁਣਨ ਦੀਆਂ ਰਸਮਾਂ ਪੂਰੀਆਂ ਕੀਤੀਆਂ ਜਾਣਗੀਆਂ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਮੌਜੂਦਗੀ ਵਿੱਚ ਕਲ ਨੂੰ ਨਾਇਬ ਸੈਣੀ ਦੂਜੀ ਵਾਰ ਮੁੱਖ ਮੰਤਰੀ ਵਜੋਂ ਸਹੁੰ ਚੁੱਕਣਗੇ। ਅੱਜ ਹੋਣ ਵਾਲੀ ਮੀਟਿੰਗ ਤੋਂ ਬਾਅਦ, ਮੰਤਰੀ ਮੰਡਲ ਦਾ ਹਿੱਸਾ ਬਣਨ ਵਾਲੇ ਵਿਧਾਇਕਾਂ ਦੀ ਸੂਚੀ ਰਾਜਪਾਲ ਨੂੰ ਸੌਂਪੀ ਜਾਵੇਗੀ। ਇਸ ਤੋਂ ਬਾਅਦ ਰਾਜਪਾਲ 17 ਅਕਤੂਬਰ ਨੂੰ ਸਹੁੰ ਚੁੱਕ ਸਮਾਗਮ ਲਈ ਨਾਇਬ ਸੈਣੀ ਅਤੇ ਮੰਤਰੀਆਂ ਨੂੰ ਸੱਦਾ ਦੇਣਗੇ।

---------------------------------------------------------

ਭਾਰਤੀ ਚੋਣ ਕਮਿਸ਼ਨ ਨੇ ਵੱਖ-ਵੱਖ ਹੁਕਮਾਂ ਰਾਹੀਂ, ਪੰਜਾਬ ਵਿਧਾਨ

ਸਭਾ 2022 ਦੀਆਂ ਚੋਣਾਂ ਲੜਨ ਵਾਲੇ 5 ਉਮੀਦਵਾਰਾਂ ਨੂੰ ਅਯੋਗ ਐਲਾਨਿਆ ਗਿਆ ਏ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਇਨ੍ਹਾਂ ਉਮੀਦਵਾਰਾਂ ਨੇ, ਲੋਕ ਨੁਮਾਇਦਗੀ ਐਕਟ, 1951 ਦੇ ਸੈਕਸ਼ਨ 78 ਅਨੁਸਾਰ ਨਿਸ਼ਚਿਤ ਸਮਾਂ ਹੱਦ ਅੰਦਰ ਆਪਣੇ ਚੋਣ ਖਰਚੇ ਦਾ ਵੇਰਵਾ ਕਮਿਸ਼ਨ ਕੋਲ ਜਮ੍ਹਾਂ ਨਹੀਂ ਕਰਵਾਇਆ, ਜਿਸ ਕਰਕੇ ਅਗਲੇ 3 ਸਾਲ ਤੱਕ ਇਨ੍ਹਾਂ ਉਮੀਦਵਾਰਾਂ ਨੂੰ ਚੋਣ ਲੜਨ ਦੇ ਅਯੋਗ ਕਰਾਰ ਦਿੱਤਾ ਗਿਆ ਏ। ਉਨ੍ਹਾਂ ਦੱਸਿਆ ਕਿ ਇਨ੍ਹਾਂ 5 ਉਮੀਦਵਾਰਾਂ ਵਿੱਚੋਂ ਸੰਗਰੂਰ ਜ਼ਿਲ੍ਹੇ ਦੇ 3 ਉਮੀਦਵਾਰ ਅਤੇ ਮਾਨਸਾ ਤੇ ਫਰੀਦਕੋਟ ਜ਼ਿਲ੍ਹੇ ਦਾ 1-1 ਉਮੀਦਵਾਰ ਸ਼ਾਮਿਲ ਏ। ਚੋਣ ਕਮਿਸ਼ਨ ਵੱਲੋਂ ਜਾਰੀ ਕੀਤੇ ਹੁਕਮਾਂ ਰਾਹੀਂ ਸੰਗਰੂਰ ਜ਼ਿਲ੍ਹੇ ਦੀ ਧੂਰੀ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਸ਼ਕਤੀ ਕੁਮਾਰ ਗੁਪਤਾ ਤੇ ਜਸਵਿੰਦਰ ਸਿੰਘ ਅਤੇ ਸੁਨਾਮ ਵਿਧਾਨ ਸੀਟ ਤੋਂ ਚੋਣ ਲੜਨ ਵਾਲੇ ਸਨਮੁਖ ਸਿੰਘ ਮੋਖਾ ਨੂੰ ਅਯੋਗ ਕਰਾਰ ਦਿੱਤਾ ਗਿਆ ਏ। ਇਸੇ ਤਰ੍ਹਾਂ ਫਰੀਦਕੋਟ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਗੁਰਚਰਨ ਸਿੰਘ ਸੰਘਾ ਨੂੰ ਵੀ ਅਯੋਗ ਐਲਾਨਿਆਂ ਗਿਆ ਏ। ਸਿਬਿਨ ਸੀ ਨੇ ਦੱਸਿਆ ਕਿ ਸੁਨਾਮ ਵਿਧਾਨ ਸੀਟ ਤੋਂ ਚੋਣ ਲੜਨ ਵਾਲੇ

ਮਾਨਸਾ ਜ਼ਿਲ੍ਹੇ ਦੇ ਹਰਭਗਵਾਨ ਸ਼ਰਮਾ ਭਿੱਖੀ ਨੂੰ ਵੀ, ਚੋਣ ਕਮਿਸ਼ਨ ਨੇ ਅਗਲੇ 3 ਸਾਲ ਤੱਕ ਚੋਣ ਲੜਨ ਦੇ ਅਯੋਗ ਐਲਾਨਿਆ ਏ ।

---------------------------------------------------------------

ਚੋਣ ਕਮਿਸ਼ਨ ਨੇ ਪੰਜਾਬ ਦੀਆਂ ਚਾਰ ਵਿਧਾਨ ਸਭਾ ਸੀਟਾਂ, ਡੇਰਾ ਬਾਬਾ ਨਾਨਕ, ਚੱਬੇਵਾਲ (ਐਸ.ਸੀ), ਗਿੱਦੜਬਾਹਾ ਅਤੇ ਬਰਨਾਲਾ ਲਈ, ਜ਼ਿਮਨੀ ਚੋਣਾਂ ਦਾ ਐਲਾਨ ਕਰ ਦਿੱਤਾ ਏ । ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਚਾਰ ਵਿਧਾਨ ਸਭਾ ਹਲਕਿਆਂ ਦੀ ਜ਼ਿਮਨੀ ਚੋਣ ਲਈ ਜਾਰੀ ਕੀਤੇ ਗਏ ਪ੍ਰੋਗਰਾਮ ਮੁਤਾਬਕ, 18 ਅਕਤੂਬਰ ਨੂੰ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ। ਨਾਮਜ਼ਦਗੀਆਂ ਭਰਨ ਦੀ ਆਖਰੀ ਤਰੀਕ 25 ਅਕਤੂਬਰ ਹੋਵੇਗੀ ਅਤੇ ਨਾਮਜ਼ਦਗੀ ਪੱਤਰਾਂ ਦੀ ਪੜਤਾਲ 28 ਅਕਤੂਬਰ ਨੂੰ ਕੀਤੀ ਜਾਵੇਗੀ ਜਦਕਿ ਨਾਮਜ਼ਦਗੀ ਪੱਤਰ ਵਾਪਿਸ ਲੈਣ ਦੀ ਅੰਤਿਮ ਤਰੀਕ 30 ਅਕਤੂਬਰ ਏ । ਸਿਬਿਨ ਸੀ ਨੇ ਦੱਸਿਆ ਕਿ ਚਾਰੋਂ ਸੀਟਾਂ ਉੱਤੇ 13 ਨਵੰਬਰ ਨੂੰ ਵੋਟਾਂ ਪੈਣਗੀਆਂ ਅਤੇ 23 ਨਵੰਬਰ ਨੂੰ ਵੋਟਾਂ ਦੀ ਗਿਣਤੀ ਤੋਂ ਬਾਅਦ ਨਤੀਜਾ ਐਲਾਨਿਆ ਜਾਵੇਗਾ। ਉਨ੍ਹਾਂ ਦੱਸਿਆ ਕਿ

ਜ਼ਿਮਨੀ ਚੋਣ ਦੇ ਐਲਾਨ ਨਾਲ ਹੀ, ਚਾਰ ਜ਼ਿਲ੍ਹਿਆਂ ਗੁਰਦਾਸਪੁਰ, ਹੁਸ਼ਿਆਰਪੁਰ, ਸ੍ਰੀ ਮੁਕਤਸਰ ਸਾਹਿਬ ਅਤੇ ਬਰਨਾਲਾ ਵਿੱਚ ਚੋਣ ਜ਼ਾਬਤਾ ਲਾਗੂ ਹੋ ਗਿਆ ਏ, ਜਿਥੇ ਇਹ ਵਿਧਾਨ ਸਭਾ ਹਲਕੇ ਮੌਜੂਦ ਨੇ । ਚੋਣ ਜ਼ਾਬਤਾ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ 25 ਨਵੰਬਰ ਤੱਕ ਲਾਗੂ ਰਹੇਗਾ। ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਜ਼ਿਮਨੀ ਚੋਣ ਵਾਲੇ ਚਾਰ ਵਿਧਾਨ ਸਭਾ ਹਲਕਿਆਂ ਵਿੱਚ 10 ਅਕਤੂਬਰ ਤੱਕ ਕੁੱਲ ਵੋਟਰਾਂ ਦੀ ਗਿਣਤੀ 6 ਲੱਖ 96 ਹਜ਼ਾਰ 316 ਏ ਅਤੇ ਕੁੱਲ 831 ਪੋਲਿੰਗ ਸਟੇਸ਼ਨ ਨੇ । ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਕਿਹਾ ਕਿ ਚਾਰੋਂ ਵਿਧਾਨ ਸਭਾ ਹਲਕਿਆਂ ਦੀ ਜ਼ਿਮਨੀ ਚੋਣ ਅਮਨ ਅਮਾਨ, ਨਿਰਪੱਖਤਾ ਅਤੇ ਪਾਰਦਰਸ਼ੀ ਤਰੀਕੇ ਨਾਲ ਨੇਪਰੇ ਚਾੜ੍ਹਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਸ਼ਟਰੀ ਸੁਰੱਖਿਆ ਗਾਰਡ- NSG ਨੂੰ ਉਨ੍ਹਾਂ ਦੇ ਸਥਾਪਨਾ ਦਿਵਸ 'ਤੇ ਵਧਾਈ ਦਿੱਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸਾਡੇ

ਦੇਸ਼ ਦੀ ਸੁਰੱਖਿਆ ਵਿੱਚ, ਉਨ੍ਹਾਂ ਦੇ ਅਟੁੱਟ ਸਮਰਪਣ, ਸਾਹਸ ਅਤੇ ਦ੍ਰਿੜ ਇਰਾਦੇ ਲਈ, ਰਾਸ਼ਟਰ, ਸਾਰੇ NSG ਜਵਾਨਾਂ ਨੂੰ ਸਲਾਮ ਕਰਦਾ ਏ। ਸ੍ਰੀ ਮੋਦੀ ਨੇ ਕਿਹਾ, ਖ਼ਤਰਿਆਂ ਤੋਂ ਰਾਸ਼ਟਰ ਦੀ ਰੱਖਿਆ ਲਈ, NSG ਦੀ ਵਚਨਬੱਧਤਾ ਸ਼ਲਾਘਾਯੋਗ ਏ।

---------------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਰਾਸ਼ਟਰੀ ਸੁਰੱਖਿਆ ਗਾਰਡ (NSG) ਨੂੰ ਉਨ੍ਹਾਂ ਦੇ ਸਥਾਪਨਾ ਦਿਵਸ 'ਤੇ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਅਮਿਤ ਸ਼ਾਹ ਨੇ ਕਿਹਾ ਕਿ NSG ਨੇ ਹਰ ਪੱਖੋਂ ਸ਼ਾਨਦਾਰ ਮੁਹਾਰਤ ਨਾਲ ਰਾਸ਼ਟਰੀ ਸੁਰੱਖਿਆ ਨੂੰ ਲਗਾਤਾਰ ਮਜ਼ਬੂਤ ਕੀਤਾ ਏ। ਮੰਤਰੀ ਨੇ NSG ਦੇ ਉਨ੍ਹਾਂ ਬਹਾਦਰਾਂ ਨੂੰ ਵੀ ਸਲਾਮ ਕੀਤਾ ਜਿਨ੍ਹਾਂ ਨੇ ਡਿਊਟੀ ਦੌਰਾਨ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ।

---------------------------------------------------------------

ਲੁਧਿਆਣਾ ਦੇ ਗਿਆਸਪੁਰਾ ਇਲਾਕੇ ਵਿਚ ਸਿਲੰਡਰਾਂ ‘ਚ ਗੈਸ ਭਰਨ ਦੌਰਾਨ ਅੱਗ ਲੱਗਣ ਕਾਰਨ ਇਕ ਬੱਚੀ ਸਮੇਤ 7 ਜਣੇ ਝੁਲਸ ਗਏ। ਹਿੰਦੁਸਥਾਨ ਸਮਾਚਾਰ ਏਜੇਂਸੀ ਤੋਂ ਮਿਲੀ ਜਾਣਕਾਰੀ ਅਨੁਸਾਰ

ਗਿਆਸਪੁਰਾ ਇਲਾਕੇ ਦੀ ਸਮਰਾਟ ਕਲੋਨੀ ਵਿੱਚ ਵੱਡੇ ਸਿਲੰਡਰਾਂ ਤੋਂ ਛੋਟੇ ਸਿਲੰਡਰਾਂ ‘ਚ ਗੈਰ-ਕਾਨੂੰਨੀ ਢੰਗ ਨਾਲ ਗੈਸ ਭਰੀ ਜਾ ਰਹੀ ਸੀ। ਇਹ ਹਾਦਸਾ ਗੈਸ ਭਰਨ ਦੌਰਾਨ ਹੀ ਵਾਪਰਿਆ । ਅੱਗ ਲੱਗਣ ਕਾਰਨ ਇਲਾਕੇ ਵਿਚ ਭਗਦੜ ਮੱਚ ਗਈ ਅਤੇ ਅੱਗ ਨੇ 4 ਕਮਰਿਆਂ ਨੂੰ ਆਪਣੀ ਲਪੇਟ ‘ਚ ਲੈ ਲਿਆ । ਅੱਗ ਲੱਗਣ ਕਾਰਨ ਕਮਰਿਆਂ ਵਿੱਚ ਰਹਿੰਦੇ ਲੋਕ ਝੁਲਸ ਗਏ । ਜ਼ਖਮੀਆਂ ਨੂੰ ਸ਼ਹਿਰ ਦੇ ਵੱਖ-ਵੱਖ ਹਸਪਤਾਲਾਂ ‘ਚ ਦਾਖਲ ਕਰਵਾਇਆ ਗਿਆ ਏ । ਪੁਲੀਸ ਨੇ ਮੌਕੇ ਤੇ ਪੁਹੰਚ ਕੇ ਕਾਰਵਾਈ ਸ਼ੁਰੂ ਕੀਤੀ ਏ ।

---------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਲੋਕ ਪ੍ਰਸ਼ਾਸਨ ਵਿਭਾਗ ਵਿਖੇ ਆਫ਼ਤ ਪ੍ਰਬੰਧਨ 'ਤੇ ਇੱਕ ਕੁਇਜ਼ ਦਾ ਆਯੋਜਨ ਕਰਕੇ, ਆਫ਼ਤ ਘਟਾਉਣ ਬਾਰੇ ਅੰਤਰ-ਰਾਸ਼ਟਰੀ ਦਿਹਾੜਾ ਮਨਾਇਆ। ਕੁਇਜ਼ ਮੁਕਾਬਲੇ ਵਿੱਚ 50 ਤੋਂ ਵੱਧ ਵਿਦਿਆਰਥੀਆਂ ਨੇ ਹਿੱਸਾ ਲਿਆ ਜਿਸ ਵਿੱਚ ਤਿੰਨ ਗੇੜ ਸ਼ਾਮਲ ਸਨ, ਜੋ ਕੁਦਰਤੀ ਆਫ਼ਤਾਂ, ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਨੀਤੀਆਂ, ਅਤੇ ਅਸਲ-ਜੀਵਨ ਆਫ਼ਤ ਦੇ ਦ੍ਰਿਸ਼ਾਂ

ਬਾਰੇ ਉਹਨਾਂ ਦੇ ਗਿਆਨ ਨੂੰ ਪਰਖਣ ਲਈ ਤਿਆਰ ਕੀਤੇ ਗਏ । ਵਿਭਾਗ ਦੀ ਚੇਅਰਪਰਸਨ ਡਾ.ਭਾਰਤੀ ਗਰਗ ਨੇ ਇਸਦੀ ਆਫ਼ਤਾਂ ਨਾਲ ਨਜਿੱਠਣ ਦੀ ਤਿਆਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਜੇਤੂਆਂ ਨੂੰ ਇਨਾਮ ਦਿੱਤੇ ਗਏ ਅਤੇ ਉਨ੍ਹਾਂ ਦੀ ਆਲੋਚਨਾਤਮਕ ਸੋਚ ਅਤੇ ਸਮੱਸਿਆ-ਹੱਲ ਕਰਨ ਦੇ ਹੁਨਰ ਦੀ ਸ਼ਲਾਘਾ ਕੀਤੀ ਗਈ। ਇਸ ਸਮਾਗਮ ਦਾ ਉਦੇਸ਼ ਆਫ਼ਤ ਦੀ ਤਿਆਰੀ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਵਿਦਿਆਰਥੀਆਂ ਵਿੱਚ ਜੋਖਮ ਘਟਾਉਣ ਦੀਆਂ ਰਣਨੀਤੀਆਂ ਦੀ ਡੂੰਘੀ ਸਮਝ ਨੂੰ ਉਤਸ਼ਾਹਿਤ ਕਰਨਾ ਸੀ।